ਰਾਮਕਲੀ ਮਹਲਾ ੫ ॥ ਗੁਰੁ ਪੂਰਾ ਮੇਰਾ ਗੁਰੁ ਪੂਰਾ ॥ ਰਾਮ ਨਾਮੁ ਜਪਿ ਸਦਾ ਸੁਹੇਲੇ ਸਗਲ ਬਿਨਾਸੇ ਰੋਗ ਕੂਰਾ ॥੧॥ ਰਹਾਉ ॥ ਏਕੁ ਅਰਾਧਹੁ ਸਾਚਾ ਸੋਇ ॥ ਜਾ ਕੀ ਸਰਨਿ ਸਦਾ ਸੁਖੁ ਹੋਇ ॥੧॥ ਨੀਦ ਸੁਹੇਲੀ ਨਾਮ ਕੀ ਲਾਗੀ ਭੂਖ ॥ ਹਰਿ ਸਿਮਰਤ ਬਿਨਸੇ ਸਭ ਦੂਖ ॥੨॥ ਸਹਜਿ ਅਨੰਦ ਕਰਹੁ ਮੇਰੇ ਭਾਈ ॥ ਗੁਰਿ ਪੂਰੈ ਸਭ ਚਿੰਤ ਮਿਟਾਈ ॥ ੩॥ ਆਠ ਪਹਰ ਪ੍ਰਭ ਕਾ ਜਪੁ ਜਾਪਿ ॥ ਨਾਨਕ ਰਾਖਾ ਹੋਆ ਆਪਿ ॥੪॥੨॥੫੮॥ {ਪੰਨਾ 901}

ਪਦਅਰਥ:- ਪੂਰਾ—ਸਾਰੇ ਗੁਣਾਂ ਦਾ ਮਾਲਕ, ਸਭ ਤਾਕਤਾਂ ਦਾ ਮਾਲਕ। ਸੁਹੇਲੇ—ਸੁਖੀ। ਸਗਲ—ਸਾਰੇ। ਰੋਗ ਕੂਰਾ—ਕੂੜ ਦੇ ਰੋਗ, ਮਾਇਆ ਦੇ ਮੋਹ ਤੋਂ ਪੈਦਾ ਹੋਏ ਰੋਗ।1। ਰਹਾਉ।

ਸਾਚਾ—ਸਦਾ ਕਾਇਮ ਰਹਿਣ ਵਾਲਾ। ਏਕੁ ਸੋਇ—ਸਿਰਫ਼ ਉਸ ਪਰਮਾਤਮਾ ਨੂੰ। ਜਾ ਕੀ ਸਰਨਿ—ਜਿਸ (ਪ੍ਰਭੂ) ਦਾ ਆਸਰਾ ਲਿਆਂ।1।

ਨੀਦ—(ਪ੍ਰਭੂ-ਚਰਨਾਂ ਵਿਚ) ਲੀਨਤਾ। ਸੁਹੇਲੀ—ਸੁਖਦਾਈ। ਸਿਮਰਤ—ਸਿਮਰਦਿਆਂ।2।

ਸਹਿਜ—ਆਤਮਕ ਅਡੋਲਤਾ ਵਿਚ (ਟਿਕ ਕੇ)। ਭਾਈ—ਹੇ ਭਾਈ! ਗੁਰਿ—ਗੁਰੂ ਨੇ। ਸਭ—ਸਾਰੀ।3।

ਜਾਪਿ—ਜਪਿਆ ਕਰੋ। ਨਾਨਕ—ਹੇ ਨਾਨਕ! ਰਾਖਾ—ਰਖਵਾਲਾ।4।

ਅਰਥ:- ਹੇ ਭਾਈ! ਮੇਰਾ ਗੁਰੂ ਸਭ ਗੁਣਾਂ ਦਾ ਮਾਲਕ ਹੈ, ਮੇਰਾ ਗੁਰੂ ਪੂਰੀ ਸਮਰਥਾ ਵਾਲਾ ਹੈ। (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪ ਕੇ ਮਨੁੱਖ ਸਦਾ ਸੁਖੀ ਰਹਿੰਦੇ ਹਨ, ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੇ ਉਹਨਾਂ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ।1। ਰਹਾਉ।

(ਹੇ ਭਾਈ! ਗੁਰੂ ਦੇ ਦਰ ਤੇ ਆ ਕੇ) ਸਦਾ ਕਾਇਮ ਰਹਿਣ ਵਾਲੇ ਉਸ ਇੱਕ ਪਰਮਾਤਮਾ ਦਾ ਆਰਾਧਨ ਕਰਿਆ ਕਰੋ ਜਿਸ ਦੀ ਸਰਨ ਪਿਆਂ ਸਦਾ ਆਤਮਕ ਆਨੰਦ ਮਿਲਦਾ ਹੈ।1।

(ਹੇ ਭਾਈ! ਗੁਰੂ ਦੀ ਸਰਨ ਪਿਆਂ) ਪਰਮਾਤਮਾ ਦੇ ਨਾਮ ਦੀ ਲਗਨ ਪੈਦਾ ਹੋ ਜਾਂਦੀ ਹੈ, ਤੇ, ਨਾਮ ਵਿਚ ਲੀਨਤਾ ਮਨੁੱਖ ਵਾਸਤੇ ਸੁਖਦਾਈ ਹੋ ਜਾਂਦੀ ਹੈ। ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ।2।

ਹੇ ਮੇਰੇ ਭਾਈ! (ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਪੂਰਾ ਗੁਰੂ ਉਸ ਦੀ ਸਾਰੀ ਚਿੰਤਾ ਮਿਟਾ ਦੇਂਦਾ ਹੈ, (ਤੁਸੀ ਭੀ ਗੁਰੂ ਦੀ ਰਾਹੀਂ) ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਖ਼ੁਸ਼ੀਆਂ ਪ੍ਰਾਪਤ ਕਰੋ।3।

ਹੇ ਨਾਨਕ! (ਆਖ—ਹੇ ਭਾਈ! ਗੁਰੂ ਦੀ ਸਰਨ ਪੈ ਕੇ) ਅੱਠੇ ਪਹਿਰ ਪ੍ਰਭੂ ਦੇ ਨਾਮ ਦਾ ਜਾਪ ਕਰਿਆ ਕਰ। (ਜਿਹੜਾ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਪ੍ਰਭੂ) ਆਪ ਉਸ ਦਾ ਰਖਵਾਲਾ ਬਣਦਾ ਹੈ।4।2। 58।